ਆਨਲਾਈਨ ਪੋਰਟਲ ’ਤੇ ਦਰਜ ਕਰਵਾਈ ਜਾ ਸਕਦੀ ਹੈ ਗੈਰ-ਕਾਨੂੰਨੀ ਨਿਕਾਸੀ ਸਬੰਧੀ ਸੂਚਨਾ : ਡਿਪਟੀ ਕਮਿਸ਼ਨਰ

ਤਰਨਤਾਰਨ, 23 ਅਕਤੂਬਰ :

ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਰੇਤ ਦੀ ਗੈਰ-ਕਾਨੂੰਨੀ ਨਿਕਾਸੀ ਨੂੰ ਰੋਕਣ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ ਨਿਕਾਸੀ ਸਬੰਧੀ ਸ਼ਿਕਾਇਤਾਂ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਪੋਰਟਲ 2-71 ’ਤੇ ਦਰਜ ਕਰਵਾਈਆ ਜਾ ਸਕਦੀਆਂ ਹਨ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਵੱਖ-ਵੱਖ ਵਿਭਾਗਾਂ ਜਿਵੇਂ ਪੰਚਾਇਤ, ਡਰੇਨਜ਼, ਵਨ ਵਿਭਾਗ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਇਸ ਸਬੰਧੀ ਕਾਰਵਾਈ/ ਐੱਫ.ਆਈ.ਆਰ. ਦਰਜ ਕਰਨ ਲਈ ਅਧਿਕਾਰਿਤ ਅਫ਼ਸਰ ਨਿਯੁਕਤ ਕੀਤਾ ਗਿਆ ਹੈ ਅਤੇ ਸੰਬੰਧਿਤ ਉਪ ਮੰਡਲ ਮੈਜਿਸਟ੍ਰੇਟਾਂ ਦੀ ਪ੍ਰਧਾਨਗੀ ਹੇਠ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਟੀਮਾਂ ਗਠਿਤ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਪੋਰਟਲ ਤੋਂ ਇਲਾਵਾ ਮਾਈਨਿੰਗ ਹੈਲਪ ਡੈਸਕ ਦੇ ਨੰਬਰ 94782-92496 ਅਤੇ ਕੰਮ ਵਾਲੇ ਦਿਨ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ-ਨੋਡਲ ਅਫ਼ਸਰ ਮਾਈਨਿੰਗ ਦੇ ਦਫ਼ਤਰੀ ਫੋਨ ਨੰਬਰ 01852-224103 ’ਤੇ ਗੈਰ-ਕਾਨੂੰਨੀ ਮਾਈਨਿੰਗ ਦੀਆਂ ਸ਼ਿਕਾਇਤਾਂ ਦਰਜ ਕਰਵਾਈਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਗੈਰ-ਕਾਨੂੰਨੀ ਨਿਕਾਸੀ ਕਰਨ ਵਿਰੁੱਧ ਮਾਈਨਜ਼ ਅਤੇ ਮਿਨਰਲ (ਡਿਵੈਲਪਮੈਂਟ ਅਤੇ ਰੈਗੂਲੇਸ਼ਨ) ਐਕਟ 1957 ਅਧੀਨ 207 ਐੱਫ.ਆਈ.ਆਰ ਦਰਜ ਕਰਵਾਈਆਂ ਜਾ ਚੁੱਕੀ ਹਨ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਖਣਿਜਾਂ (ਰੇਤਾ ਆਦਿ) ਦੀ ਗੈਰ-ਕਾਨੂੰਨੀ ਨਿਕਾਸੀ ਕਰਦਾ ਹੈ ਜਾਂ ਢੋਆ-ਢੁਆਈ ਕਰਦਾ ਹੈ ਤਾਂ ਉਸ ਵਿਅਕਤੀ ਨੂੰ ਮਾਈਨਜ਼ ਅਤੇ ਮਿਰਨਲ (ਡਿਵੈਲਪਮੈਂਟ ਅਤੇ ਰੈਗੂਲੇਸ਼ਨ) ਐਕਟ 1957 ਤਹਿਤ 5 ਲੱਖ ਰੁਪਏ ਜ਼ੁਰਮਾਨਾ ਜਾਂ 5 ਸਾਲ ਦੀ ਕੈਦ ਜਾਂ ਦੋਵੇਂ ਸਜਾਵਾਂ ਹੋ ਸਕਦੀਆਂ ਹਨ।

-----------------